"ਘਰ ਘਰ ਰੋਜ਼ਗਾਰ"

# ਦਫ਼ਤਰ ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ

(ਮਾਈਕਰੋਸਾਫ਼ਟ ਬਿਲਡਿੰਗ) ਨੇੜੇ ਗੁਰਦੁਆਰਾ ਸਾਚਾ ਧੰਨ
ਫੇਜ਼ 3 ਬੀ -1 ਸਾਹਿਬਜ਼ਾਦਾ ਅਜੀਤ ਸਿੰਘ ਨਗਰ(ਮੋਹਾਲੀ)

ਵੈਬਸਾਈਟwww.educationrecruitmentboard.com)

ਵਿਗਿਆਪਨ ਨੰ. 08/19-2021ਭ.ਭ.(7)/2021117201 ਮਿਤੀ 01.04.2021

## ਜਨਤਕ ਨਿਯੁਕਤੀਆਂ

"ਘਰ ਘਰ ਰੋਜ਼ਗਾਰ ਯੋਜਨਾ" ਤਹਿਤ ਸਕੂਲ ਸਿੱਖਿਆ ਵਿਭਾਗ ਪੰਜਾਬ ਅਧੀਨ ਗਰੁੱਪ ਬੀ ਵਿੱਚ ਪੰਜਾਬ ਬਾਰਡਰ ਏਰੀਏ ਵਿੱਚ ਲੈਕਚਰਾਰ ਗਣਿਤ 28 ਨਵੀਆਂ ਅਸਾਮੀਆਂ ਨੂੰ ਭਰਨ ਲਈ ਯੋਗ ਉਮੀਦਵਾਰਾਂ ਪਾਸੋਂ, ਵਿਭਾਗ ਦੀ ਵੈਬ ਸਾਇਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 05.04.2021 ਤੋਂ ਮਿਤੀ 26.04.2021 ਤੱਕ ਕੀਤੀ ਜਾਂਦੀ ਹੈ। ਉਪਰੋਕਤ ਅਸਾਮੀਆ ਦੀ ਕੈਟਾਗਰੀ ਵਾਇਜ ਵੰਡ ਹੇਠ ਲਿਖੇ ਅਨੁਸਾਰ ਹੈ:-

1. ਅਸਾਮੀਆਂ ਦੀ ਵੰਡ:- (ਨਵੀਆਂ ਅਸਾਮੀਆਂ 28)

| S.No | CATEGORY | | Total No of Fresh Vancancies | Vacancies reserved for women from total no. of fresh vacancies as per column no 3 |
|---|---|---|---|---|
| 1 | 2 | | 3 | 4 |
| 1 | GENERAL | | 10 | 3 |
| 2 | S.C. | (M&B) | 3 | 1 |
| | | R&O) | 3 | 1 |
| 3 | B.C. | | 3 | 1 |
| 4 | EX-SERVICMEN | GENERAL | 2 | 2 |
| | | (M&B) | 1 | -- |
| | | R&O) | 1 | -- |
| | | B.C. | 1 | -- |
| 5 | Sports | GENERAL | -- | -- |
| | | (M&B) | -- | -- |
| | | R&O) | -- | -- |
| 6 | PHYSICAL HANDICAPPED | ORTHO | 1 | 1 |
| | | VISUALLY IMPARED | -- | -- |
| | | HEARING IMPARED | -- | -- |
| | | I.D./M.D. | -- | -- |
| 7 | FREEDOM FIGHTER | | -- | -- |
| 8 | ECONOMICAL WEAKER SECTION | | 3 | -- |
| | TOTAL | | 28 | 9 |

2. ਵਿਦਿਅਕ ਯੋਗਤਾ:-

- Education Qualification will be as per the Notification No. GSR60/CONST. Art.309/2018 Dated 08 Aug 2018 of Govt. of Punjab department of School Education (Edu-2 Branch). (copy available on website)

"Should have passed M.A with Mathematics/M.Sc Mathematics or any other equivalent qualification, but equivalency certificate should be given by the concerned University or Institution at least with 55% marks along with Mathematics as one of the elective subjects in Graduation level and should have passed B.Ed with teaching subject Mathematics from a recognized University or Institution as per guidelines of University Grants Commission."

3. **ਚੋਣ ਦਾ ਢੰਗ:-**

ਇਨ੍ਹਾਂ ਅਸਾਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ 150 ਅੰਕਾਂ ਦਾ ਲਿਖਤੀ ਟੈਸਟ ਲਿਆ ਜਾਵੇਗਾ। ਜੋ ਇਨ੍ਹਾਂ ਅਸਾਮੀਆਂ ਲਈ ਦਰਸਾਈਆਂ ਗਈਆਂ ਵਿਦਿਅਕ/ਪ੍ਰੋਫੈਸ਼ਨਲ ਯੋਗਤਾਵਾਂ ਲਈ ਨਿਰਧਾਰਿਤ ਹੋਰ ਸ਼ਰਤਾਂ ਪੂਰੀਆਂ ਕਰਦੇ ਹੋਣਗੇ ਉਨ੍ਹਾਂ ਉਮੀਦਵਾਰਾਂ ਦੀ ਮੈਰਿਟ ਨਿਰੋਲ ਲਿਖਤੀ ਟੈਸਟ ਦੇ ਅਧਾਰ ਤੇ ਬਣਾਈ ਜਾਵੇਗੀ।

(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਲਿਖਤੀ ਟੈਸਟ ਵਿੱਚੋਂ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋਂ ਇੱਕੋ ਜਿਹੇ ਹੋਣ ਤਾਂ ਉਮੀਦਵਾਰ ਦੇ ਪੋਸਟ ਗ੍ਰੈਜੁਏਸ਼ਨ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ)।

4. **ਅਦਾਇਗੀ ਯੋਗ ਰਕਮ:-**

ਚੁਣੇ ਗਏ ਉਮੀਦਵਾਰਾਂ ਨੂੰ ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ, (ਸਿੱਖਿਆ-6 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ. 13/01/2020-5 ਸਿ 7/277, ਮਿਤੀ 21.10.2020 ਅਨੁਸਾਰ ਜਾਰੀ ਕੀਤੇ ਪੇਅ ਮੈਟ੍ਰਿਕਸ ਰੁਪਏ 35400/-(ਬਿਨ੍ਹਾਂ ਕਿਸੇ ਭੱਤੇ ਤੇ) ਅਨੁਸਾਰ ਮਿਲਣਯੋਗ ਹੋਵੇਗਾ।

5. **ਉਮਰ ਸੀਮਾ:-**

i) ਮਿਤੀ 01.01.2021 ਨੂੰ ਉਮਰ 18 ਤੋਂ 37 ਸਾਲ ਦੇ ਦਰਮਿਆਨ ਹੋਵੇ।

ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿੱਚ 5 ਸਾਲ ਦੀ ਛੋਟ ਹੋਵੇਗੀ।

iii) ਪੰਜਾਬ, ਹੋਰ ਰਾਜਾਂ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਦੀ ਉਪਰਲੀ ਸੀਮਾ ਦੀ ਹੱਦ 45 ਸਾਲ ਤੱਕ ਹੋਵੇਗੀ।

iv) ਪੰਜਾਬ ਰਾਜ ਦੀਆਂ ਵਿਧਵਾ ਅਤੇ ਤਲਾਕਸ਼ੁਧਾ ਔਰਤਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿੱਚ 42 ਸਾਲ ਦੀ ਛੋਟ ਹੋਵੇਗੀ।

v) ਪੰਜਾਬ ਦੇ ਵਸਨੀਕ ਵਿਕਲਾਂਗਾ ਦੀ ਉਮਰ ਹੱਦ ਸੀਮਾ ਦੀ ਹੱਦ ਵਿੱਚ 10 ਸਾਲ ਦੀ ਛੋਟ ਹੋਵੇਗੀ।

vi) ਪੰਜਾਬ ਦੇ ਸਾਬਕਾ ਫੌਜੀਆਂ ਵੱਲੋਂ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ ਤਿੰਨ ਸਾਲ ਵੱਧ ਹੋਵੇਗੀ ਤਾਂ ਉਨ੍ਹਾਂ ਨੂੰ ਉਮਰ ਸੀਮਾ ਦੀਆਂ ਸ਼ਰਤਾਂ ਤੇ ਸੰਤੁਸ਼ਟਤਾ ਦੇਣੀ ਪਵੇਗੀ।

**6. ਬਿਨੈ-ਪੱਤਰ ਪ੍ਰੋਸੈਸਿੰਗ ਫੀਸ:-**

| | | |
|---|---|---|
| i) | ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰ ਲਈ | :1000 ਰੁਪਏ |
| ii) | ਰਿਜ਼ਰਵ ਕੈਟਗਾਰੀ(ਐਸ.ਸੀ./ਐਸ.ਟੀ.) | :500 ਰੁਪਏ |
| iii) | ਸਾਬਕਾ ਸੈਨਿਕ (ਖੁੱਦ) | :ਕੋਈ ਨਹੀਂ |

ਨੋਟ:-ਸਾਬਕਾ ਸੈਨਿਕਾਂ (ਖੁਦ) ਨੂੰ ਫੀਸ ਦੀ ਅਦਾਇਗੀ ਤੋਂ ਛੋਟ ਕੇਵਲ ਇਸ ਸ਼ਰਤ ਤੇ ਮਦਿੱਤੀ ਜਾਵੇਗੀ ਕਿ ਉਨ੍ਹਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਜਾਂ ਨਿਸਚਿਤ ਆਮ ਅਰਸਾ ਮੁਕੰਮਲ ਹੋਣ ਤੋਂ ਪਹਿਲਾਂ ਜਾਂ ਖੁਦ ਦੀ ਪ੍ਰਤੀ ਬੇਨਤੀ ਤੇ ਨੌਕਰੀ ਤੋਂ ਫਾਰਗ/ਡਿਸਚਾਰਜ ਨਾਂ ਕੀਤਾ ਗਿਆ ਹੋਵੇ।ਸਾਬਕਾ ਸੈਨਿਕਾਂ ਤੇ ਆਸ਼ਰਿਤਾ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ Lineal Descendents Certificate(LDC) ਅਸਲ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਾ ਹੋਵੇਗਾ।

**7. ਆਮ ਸ਼ਰਤਾਂ:-**

i) ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਨ੍ਹਾਂ ਦੇ ਜਾਤੀ ਸਰਟੀਫਿਕੇਟ ਜੋ ਕਿ ਸਬੰਧਤ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ,ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ। ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਨ੍ਹਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਤੇ ਬਣੇ ਹਨ, ਉਨ੍ਹਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ,ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ।ਜੇਕਰ ਉਹ ਇਹ ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ ਜਾਵੇਗੀ।ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿੱਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪਰੰਤੂ ਉਨ੍ਹਾਂ ਦੀ ਚੋਣ ਇਸ ਸਬੰਧ ਵਿਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਡਿੰਗ ਕੇਸ SLP(CIVIL) No.23507 of 2010 in CWP NO 18290 OF 2009, ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

ii) ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ, ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿਚ ਨਹੀਂ ਆ ਜਾਂਦਾ।ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀ ਬੇਨਤੀ ਦੇ ਨਾਲ ਇਕ ਘੋਸ਼ਣਾ ਪੱਤਰ ਦੇਣਾ ਪਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

iii) ਸਾਬਕਾ ਸੈਨਿਕ ਕੋਟੇ ਅਧੀਨ ਰਾਖਵਾਂਕਰਨ ਕੇਵਲ ਪੰਜਾਬ ਦੇ ਵਸਨੀਕਾ ਤੇ ਹੀ ਲਾਗੂ ਹੋਵੇਗਾ।ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਆਸ਼ਰਿਤਾਂ ਲਈ ਲਾਗੂ ਹੋਵੇਗਾ।ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮੱਰਥ ਅਧਿਕਾਰੀ ਵੱਲੋਂ

ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

iv) ਸੁਤੰਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ, ਸਰਕਾਰ ਦੇ ਪੱਤਰ ਨੰ:16/57-97-8ਪੀ-3ਸਪੈ 503 ਮਿਤੀ 27.11.2000 ਅਨੁਸਾਰ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਅਸਲ ਦਸਤਾਵੇਜਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

v) ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ।ਜਿਸਦੀ ਡਾਇਰੈਕਟਰ ਸਪੋਰਟਸ ਪੰਜਾਬ ਵਲੋਂ ਗਰੇਡਏਸ਼ਨ ਕੀਤੀ ਹੋਵੇ। ਸਪੋਰਟਸ ਕੈਟਾਗਿਰੀ ਵਿਚ ਸਿਰਫ ਸਪੋਰਟਸ ਮੈਰਿਟ ਨੂੰ ਹੀ ਆਧਾਰ ਮੰਨਿਆ ਜਾਵੇਗਾ ਜੋ ਡਾਇਰੈਕਟਰ ਸਪੋਰਟਸ ਪੰਜਾਬ ਵੱਲੋਂ ਆਪਣੇ ਨਿਯਮਾਂ ਅਨੁਸਾਰ ਤਿਆਰ ਕੀਤੀ ਜਾਵੇਗੀ।

vi) ਅਪਾਹਜ ਕੋਟੇ ਅਧੀਨ ਰਾਖਵਾਂਕਰਨ ਪੰਜਾਬ ਸਰਕਾਰ,ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ: 1/1/2017-3DC/1588894/1 ਮਿਤੀ 03.10.2019 ਅਨੁਸਾਰ ਹੋਵੇਗਾ।ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕਰਨ ਦੀ ਦਰਸਾਈ ਆਖਰੀ ਮਿਤੀ ਤੋਂ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰਟੀਫਿਕੇਟ ਦਸਤਾਵੇਜ਼ਾ ਦੀ ਸਕਰੂਟਨੀ ਸਮੇਂ ਪੇਸ਼ ਕਰੇਗਾ,ਜਿਸ ਵਿਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਸਥਾਈ/ਅੰਸ਼ਿਕ ਦਰਜ ਹੋਵੇ।ਇਸ ਸਰਟੀਫਿਕੇਟ ਵਿਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜ਼ਰੂਰੀ ਹੈ।ਇਹ ਸਰਟੀਫਿਕੇਟ ਜ਼ਿਲੇ ਦੇ ਸਿਵਲ ਸਰਜਨ ਜਾਂ ਉਨ੍ਹਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

vii) ਇਹ ਅਸਾਮੀਆਂ 'The Punjab Civil Services(Reservation of Posts for Womenn) Rules, 2020' ਜੋ ਕਿ ਮਿਤੀ 21.10.2020, 29.12.2020 ਨੂੰ ਅਧਿਸੂਚਿਤ ਕੀਤੇ ਗਏ ਹਨ, ਅਨੁਸਾਰ ਭਰੀਆਂ ਜਾਣੀਆਂ ਹਨ।

viii) ਇਹ ਅਸਾਮੀਆਂ ਪੰਜਾਬ ਸਰਕਾਰ ਸਮਾਜਿਕ ਨਿਆਂ ਸਮਾਜਿਕ ਨਿਆਂ,ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ,ਪੰਜਾਬ ਦੇ ਪੱਤਰ ਨੰਬਰ 1/24/2020-RC1/775 ਮਿਤੀ 18.12.2020 ਅਨੁਸਾਰ ਭਰੀਆਂ ਜਾਣਗੀਆਂ।

ix) ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਲਾਗੂ ਹੋਵੇਗੀ।

x) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਪੱਕੇ ਵਾਸੀਆਂ ਨੂੰ ਹੀ ਪ੍ਰਾਪਤ ਹੋਵੇਗਾ।

xi) ਉਮੀਦਵਾਰ ਵੱਲੋਂ ਭਰੀ ਗਈ ਕੈਟਾਗਰੀ ਹੀ ਅੰਤਿਮ ਮੰਨੀ ਜਾਵੇਗੀ ਅਤੇ ਉਸੇ ਕੈਟਾਗਰੀ ਵਿੱਚ ਵਿਚਾਰਿਆ ਜਾਵੇਗਾ ਜਿਸ ਵਿੱਚ ਉਮੀਦਵਾਰ ਦੀ ਫੀਸ ਭਰੀ ਗਈ /ਕਨਫਰਮ ਹੋਈਹੋਵੇ।ਕੈਟਾਗਰੀ ਸਬੰਧੀ ਕਿਸੇ ਵੀ ਪੱਧਰ ਤੇ ਕੋਈ ਵੀ ਤਬਦੀਲੀ ਨਹੀਂ ਕੀਤੀ ਜਾਵੇਗੀ।

xii) ਜਿਹੜੇ ਉਮੀਦਵਾਰ ਵਿਮੁਕਤ ਜਾਤੀ ਨਾਲ ਸਬੰਧਤ ਹੋਣਗੇ ਉਹ ਆਨਲਾਈਨ ਅਪਲਾਈ ਕਰਨ ਸਮੇਂ ਆਪਣੀ ਹੀ ਕੈਟਾਗਰੀ ਵਿੱਚ ਅਪਲਾਈ ਕਰਨਗੇ।

xiii) ਉਮੀਦਵਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਹੋਵੇ।

xiv) ਪੁਰਸ਼ ਅਤੇ ਇਸਤਰੀ ਉਮੀਦਵਾਰਾਂ ਦੀ ਸਾਂਝੀ ਮੈਰਿਟ ਬਣਾਈ ਜਾਵੇਗੀ।

xv) ਵਿਗਿਆਪਨ ਵਿੱਚ ਦਰਜ਼ ਅਸਾਮੀਆਂ ਸਰਕਾਰ ਵੱਲੋਂ ਵਧਾਈਆਂ-ਘਟਾਈਆਂ ਜਾ ਸਕਦੀਆਂ ਹਨ।

xvi) ਇਸ ਵਿਗਿਆਪਨ ਨੂੰ ਕਿਸੇ ਵੀ ਕਾਰਨ ਰੱਦ ਕਰਨ ਦਾ ਅਧਿਕਾਰ ਵਿਭਾਗ ਪਾਸ ਹੋਵੇਗਾ।

xvii) ਆਨਲਾਈਨ ਫਾਰਮ ਭਰਨ ਸਮੇਂ ਕਿਸੇ ਵੀ ਗਲਤੀ ਲਈ ਉਮੀਦਵਾਰ ਆਪ ਜਿੰਮੇਵਾਰ ਹੋਵੇਗਾ।ਸਿੱਖਿਆ ਭਰਤੀ ਡਾਇਰੈਕ੍ਟੋਰੇਟ ਪੰਜਾਬ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

xviii) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰਾਂ ਨੂੰ ਸਾਈਬਰ ਕੈਫੇ ਅਟੈਂਡਟ ਦੀ ਮੱਦਦ ਲੈਣ ਸਮੇਂ ਆਪਣਾ ਫਾਰਮ ਆਪ ਭਰਨ ਦੀ ਸਲਾਹ ਦਿੱਤੀ ਜਾਂਦੀ ਹੈ।ਐਪਲੀਕੇਸ਼ਨ ਫਾਰਮ ਵਿੱਚ ਇੱਕ ਵਾਰ ਡਾਟਾ ਭਰਨ ਤੋਂ ਬਾਅਦ ਅਪਪਰੋਵਣ ਕਰਨ ਤੋਂ ਬਾਅਦ ਉਸ ਵਿੱਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਨਾਂ ਹੀ ਕੋਈ ਹੋਰ ਮੌਕਾ ਦਿੱਤਾ ਜਾਵੇਗਾ।ਇਸ ਸਬੰਧੀ ਕਿਸੇ ਵੀ ਪ੍ਰਕਾਰ ਦੀ ਪ੍ਰਤੀ ਬੇਨਤੀ ਦਫ਼ਤਰ ਵੱਲੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

xix) ਉਮੀਦਵਾਰ ਵੱਲੋਂ ਅਸਾਮੀ ਲਈ ਕੇਵਲ ਅਪਲਾਈ ਕਰਨ ਜਾਂ ਉਸ ਨੂੰ ਦਸਤਾਵੇਜਾਂ ਲਈ ਸਕਰੂਟਨੀ ਤੇ ਬੁਲਾਏ ਜਾਣ ਨਾਲ ਹੀ ਕੋਈ ਨਿਯੁਕਤੀ ਦਾ ਅਧਿਕਾਰ ਨਹੀਂ ਹੋਵੇਗਾ।

xx) ਇਸ ਭਰਤੀ ਸਬੰਧੀ ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਅਤੇ ਸਭ ਤੇ ਲਾਗੂ ਹੋਵੇਗਾ।

xxi) ਉਮੀਦਵਾਰ ਵੱਲੋਂ ਆਪਣਾ ਮੋਬਾਇਲ ਨੰਬਰ,ਈ-ਮੇਲ ਪਤਾ, ਆਪਣਾ ਬੈਂਕ ਖਾਤਾ ਨੰਬਰ, ਬੈਂਕ ਦਾ IFSC, ਬ੍ਰਾਂਚ ਦਾ ਨਾਮ ਆਦਿ ਆਨ-ਲਾਈਨ ਅਪਲਾਈ ਕਰਨ ਸਮੇਂ ਫਾਰਮ ਵਿੱਚ ਭਰਿਆ ਜਾਵੇ।

xxii) ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮ੍ਹਾਂ ਕਰਵਾਈ ਜਾਵੇਗੀ, ਜਿਸ ਵਰਗ/ਸ਼੍ਰੇਣੀ ਨਾਲ ਸਬੰਧ ਰੱਖਦੇ ਹਨ।ਦਸਤਾਵੇਜਾਂ ਦੀ ਸਕਰੂਟਨੀ ਸਮੇਂ ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ ਪੇਸ਼ ਕਰਨਾ ਲਾਜ਼ਮੀ ਹੋਵੇਗਾ।

xxiii) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫ਼ੀ/ਛੋਟ ਨਹੀਂ ਦਿੱਤੀ ਜਾਵੇਗੀ।

xxiv) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਸਬੰਧੀ/ਬਾਨਾਂ ਚੰਗੀ ਤਰ੍ਹਾਂ ਨਾਲ ਪੜ੍ਹਨ ਉਪਰੰਤ ਆਪ ਖੁੱਦ ਅਪਲਾਈ ਕਰੇ ਅਤੇ ਉਨ੍ਹਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਭਰਤੀ ਸਬੰਧੀ Latest Updates ਦੀ ਜਾਣਕਾਰੀ ਲਈ ਵਿਭਾਗ ਦੀ ਵੈਬਾਸਈਟ **www.educationrecruitmentboard.com** ਤੇ ਸਮੇਂ ਸਮੇਂ ਚੈੱਕ ਕਰਦੇ ਰਹਿਣ। ਉਮੀਦਵਾਰਾਂ ਨੂੰ ਕਿਸੇ ਕਿਸਮ ਦੀ ਜਾਣਕਾਰੀ ਵਿਭਾਗ ਦੀ ਵੈਬਸਾਈਟ ਤੇ ਉਪਲੱਬਧ ਕਰਵਾਈ ਜਾਇਆ ਕਰੇਗੀ। ਕਿਸੇ ਵੀ ਕਿਸਮ ਦੀ ਕੋਈ ਜਾਣਕਾਰੀ "ਪਬਲਿਕ ਨੋਟਿਸ" /ਹੋਰ ਜਾਣਕਾਰੀ ਅਖਬਾਰਾਂ ਵਿੱਚ ਪ੍ਰਕਾਸ਼ਿਤ ਨਹੀਂ ਕਰਵਾਇਆ ਜਾਵੇਗਾ।

ਜਰੂਰੀ ਨੋਟ:-

ਉਮੀਦਵਾਰਾਂ ਦੀ ਵਿਦਿਅਕ/ਪ੍ਰੋਫੈਸਨਲ ਯੋਗਤਾਵਾਂ ਸਰਟੀਫਕੇਟ ਅਪਲਾਈ ਕਰਨ ਦੀ ਆਖਰੀ ਮਿਤੀ ਦੇ ਜਾਂ ਪਹਿਲਾਂ ਦੇ ਬਣੇ ਹੋਣ।ਰਿਜ਼ਰਵੇਸ਼ਨ ਦਾ ਲਾਭ ਲੈਣ ਲਈ ਵੱਖ-ਵੱਖ ਕੈਟਾਗਰੀਆਂ ਦੇ ਸਰਟੀਫਿਕੇਟ ਜਿਵੇਂ ਐਸ.ਸੀ./ਐਸ.ਟੀ. , ਅੰਗਹੀਣ ਅਤੇ ਹੋਰ ਲੋੜੀਂਦੇ ਸਰਟੀਫਿਕੇਟ ਆਦਿ

ਸਰਟੀਫਿਕੇਟ ਆਦਿ ਸਕਰੂਟਨੀ ਸਮੇਂ ਹੀ ਜਮ੍ਹਾਂ/ਚੈੱਕ ਕਰਵਾਉਣ ਉਪਰੰਤ ਮੰਨਣ ਯੋਗ ਹੋਣਗੇ। ਉਸ ਤੋਂ ਬਾਅਦ ਕਿਸੇ ਵੀ ਉਮੀਦਵਾਰ ਦੀ ਪ੍ਰਤੀ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।

ਆਨਲਾਈਨ ਅਪਲਾਈ ਕਰਨ ਦੀ ਵਿੱਧੀ:-

Online Process will start from 05.04.2021)

1. ਵੈਬਸਾਈਟ www.educationrecruitmentboard.com

2. ਉਮੀਦਵਾਰ ਵੱਲੋਂ ਕੇਵਲ ਇੱਕ ਹੀ ਰਜਿਸਟ੍ਰੇਸ਼ਨ ਕੀਤੀ ਜਾਵੇ, ਜੇਕਰ ਕੋਈ ਉਮੀਦਵਾਰ ਇੱਕ ਤੋਂ ਵੱਧ ਕੈਟਾਗਰੀ ਵਿੱਚ ਅਪਲਾਈ ਕਰਨਾ ਚਾਹੁੰਦਾ ਹੈ ਤਾਂ ਉਹ ਇੱਕ ਹੀ ਰਜਿਸਟ੍ਰੇਸ਼ਨ ਅਧੀਨ ਹੀ ਵੱਖ ਵੱਖ ਐਪਲੀਕੇਸ਼ਨਜ਼ ਅਪਲਾਈ ਕਰੇਗਾ। ਇੱਕ ਤੋਂ ਜਿਆਦਾ ਰਜਿਸਟ੍ਰਰੇਸ਼ਨ ਨੰਬਰ ਹੋਣ ਦੀ ਸੂਰਤ ਵਿੱਚ ਪਹਿਲੀ ਰਜਿਸਟ੍ਰਰੇਸ਼ਨ ਹੀ ਵੈਧ ਮੰਨੀ ਜਾਵੇਗੀ ਅਤੇ ਅਗਲੀਆਂ ਰਜਿਸਟ੍ਰਰੇਸ਼ਨ (ਜੇ ਕੋਈ ਹੋਣ) ਆਪਣੇ ਆਪ ਕੈਂਸਲ ਹੋਈਆਂ ਵਿਚਾਰੀਆਂ ਜਾਣਗੀਆਂ।

3. ਪਹਿਲਾਂ ਉਪਰੋਕਤ ਦਰਸਾਈ ਵੈਬਸਾਈਟ ਉੱਤੇ ਰਜਿਸਟ੍ਰੇਸ਼ਨ ਕਰਵਾਈ ਜਾਵੇਗੀ। ਰਜਿਸਟ੍ਰੇਸ਼ਨ ਕਰਵਾਉਣ ਲਈ ਇਸ ਵੈਬਸਾਈਟ ਉੱਤੇ ਦਿੱਤੇ ਲਿੰਕ New Registration ਤੇ Click ਕੀਤਾ ਜਾਵੇ ਅਤੇ ਮੰਗੀ ਗਈ ਜਾਣਕਾਰੀ ਭਰੀ ਜਾਵੇ। ਇੱਕ ਵਾਰ ਰਜਿਸਟ੍ਰੇਸ਼ਨ ਕਰਨ ਉਪਰੰਤ ਰਜਿਸਟ੍ਰੇਸ਼ਨ ਵਾਲੀ ਕੋਈ ਵੀ ਜਾਣਕਾਰੀ ਦੁਬਾਰਾ Update/Edit ਨਹੀਂ ਕੀਤੀ ਜਾਵੇਗੀ।

3. ਰਜਿਸਟ੍ਰੇਸ਼ਨ ਉਪਰੰਤ ਉਮੀਦਵਾਰ ਵੱਲੋਂ ਆਪਣੇ ਰਜਿਸਟ੍ਰੇਸ਼ਨ ਨੰਬਰ ਅਤੇ ਪਾਸਵਰਡ ਦੀ ਮੱਦਦ ਨਾਲ ਆਪਣੇ ਅਕਾਂਊਟ Login ਵਿੱਚ ਕੀਤਾ ਜਾਵੇਗਾ। ਉਮੀਦਵਾਰ ਵੱਲੋਂ Application Fee ਨਾਮ ਦੇ ਲਿਖ ਉੱਤੇ Click ਕਰਕੇ ਫੀਸ ਅਨਲਾਈਨ ਭਰੀ ਜਾ ਸਕਦੀ ਹੈ।

4. ਫੀਸ ਦੀ Confirmation ਹੋਣ ਉੁਪਰੰਤ ਆਪਣੇ Application Form ਦਾ Print Out ਜਰੂਰ ਲਿਆ ਜਾਵੇ ਅਤੇ ਇਸਨੂੰ ਸੰਭਾਲ ਕੇ ਰੱਕਿਆ ਜਾਵੇ। ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ Application Form ਜਾਂ ਕੋਈ ਹੋਰ ਦਸਤਾਵੇਜ਼ ਡਾਕ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਜਰੂਰਤ ਨਹੀਂ ਹੈ। ਕੋਈ ਵੀ ਦਸਤਾਵੇਜ਼, ਮੰਗੇ ਜਾਣ ਉਪਰੰਤ ਹੀ ਭੇਜਿਆ ਜਾਵੇ।

5. ਉਮੀਦਵਾਰ ਇੱਕ ਸਵੈ ਤਸਦੀਕੀ ਫੋਟੋ ਅਤੇ ਸਕੈਨ ਕੀਤੇ ਹਸਤਾਖਰ/ਦਸਤਖਤ ਆਨਲਾਈਨ ਅਪਲਾਈ ਕਰਨ ਸਮੇਂ ਅਪਲੋਡ ਕਰੇਗਾ।

ਜਰੂਰੀ ਤਰੀਕਾਂ:-

ਉਮੀਦਵਾਰ ਆਨਲਾਈਨ ਫੀਸ ਭਰਨ ਦੀ ਆਖਰੀ ਮਿਤੀ 26.04.2021 (ਸ਼ਾਮ 5.00 ਵਜੇ ਤੱਕ) ਹੋਵੇਗੀ।

ਸਹਾਇਕ ਡਾਇਰੈਕਟਰ,
ਸਿੱਖਿਆ ਭਰਤੀ ਡਾਇਰੈਟੋਰੇਟ, ਪੰਜਾਬ